ਬਹਾਦਰਕੇ ਰੋਡ ਸਥਿਤ ਲੱਗੇ ਸਟੈਟਿਕ ਕੰਪੈਕਟਰਾਂ ਬਾਹਰ ਕੂੜੇ ਨੂੰ ਲਗਾਏ ਗਈ ਅੱਗ। ਅਜੀਤ ਤਸਵੀਰਾਂ

ਫ਼ੇਲ੍ਹ ਸਾਬਤ ਹੋ ਰਿਹਾ ਨਗਰ ਨਿਗਮ ਦਾ ਸਟੈਟਿਕ ਕੰਪੈਕਟਰ ਪ੍ਰੋਜੈਕਟ

ਕੂੜੇ ਨੂੰ ਅੱਗ, ਲੋਕਾਂ ਨੂੰ ਪ੍ਰਦੂਸ਼ਣ ਦਾ ਤੋਹਫ਼ਾ

ਲੁਧਿਆਣਾ, 28 ਅਕਤੂਬਰ (ਭੁਪਿੰਦਰ ਸਿੰਘ ਬੈਂਸ)- ਨਗਰ ਨਿਗਮ ਪ੍ਰਸ਼ਾਸਨ ਵਲੋਂ ਸ਼ਹਿਰ ਨੂੰ ਸਾਫ਼ ਸੁਥਰਾ ਬਣਾਉਣ ਲਈ ਸ਼ੁਰੂ ਕੀਤਾ ਸਟੈਟਿਕ ਕੰਪੈਕਟਰ ਪ੍ਰੋਜੈਕਟ ਫ਼ੇਲ੍ਹ ਸਾਬਤ ਹੋ ਰਿਹਾ ਹੈ, ਜਿੱਥੇ ਕੂੜੇ ਨੂੰ ਸੰਕੁਚਿਤ ਕਰਕੇ ਵਿਗਿਆਨਕ ਢੰਗ ਨਾਲ ਨਿਪਟਾਰਾ ਕਰਨ ਦੀ ਯੋਜਨਾ ਸੀ, ਉੱਥੇ ਕੰਪੈਕਟਰਾਂ ਬਾਹਰ ਕੂੜੇ ਨੂੰ ਅੱਗ ਲਗਾਉਣ ਦੇ ਮਾਮਲੇ ਸਾਹਮਣੇ ਆ ਰਹੇ ਹਨ। ਤਾਜਾਂ ਘਟਨਾ ਬਹਾਦਰ ਕੇ ਰੋਡ 'ਤੇ ਲੱਗੇ ਕੰਪੈਕਟਰ ਸਥਾਨ ਦੀ ਹੈ, ਜਿੱਥੇ ਮੰਡੀ ਬੋਰਡ ਤੇ ਨਗਰ ਨਿਗਮ ਵਲੋਂ ਸਾਂਝੇ ਤੌਰ 'ਤੇ ਕੂੜਾ ਸੁੱਟਿਆ ਜਾਂਦਾ ਹੈ। ਮੰਗਲਵਾਰ ਸਵੇਰੇ ਮੰਡੀ ਬੋਰਡ ਦੇ ਕਰਮਚਾਰੀਆਂ ਵਲੋਂ ਕੰਪੈਕਟਰਾਂ ਬਾਹਰ ਪਏ ਕੂੜੇ ਨੂੰ ਅੱਗ ਲਗਾ ਦਿੱਤੀ ਗਈ, ਜਿਸ ਨਾਲ ਕੁੱਝ ਸਮੇਂ 'ਚ ਪੂਰਾ ਇਲਾਕਾ ਕਾਲੇ ਧੂੰਏਂ ਨਾਲ ਘਿਰ ਗਿਆ। ਇਸ ਨਾਲ ਇਲਾਕਾ ਨਿਵਾਸੀਆਂ ਨੂੰ ਸਾਹ ਲੈਣ 'ਚ ਮੁਸ਼ਕਿਲ ਆਈ, ਜਿਨ੍ਹਾਂ ਨਗਰ ਨਿਗਮ 'ਤੇ ਤਿੱਖੀ ਨਾਰਾਜ਼ਗੀ ਜਤਾਈ। ਉਨ੍ਹਾਂ ਦਾ ਕਹਿਣਾ ਹੈ ਕਿ ਦੀਵਾਲੀ ਤੋਂ ਬਾਅਦ ਪ੍ਰਦੂਸ਼ਣ ਪਹਿਲਾਂ ਹੀ ਵੱਧ ਚੁੱਕਾ ਹੈ, ਉਪਰੋਂ ਕੂੜੇ ਨੂੰ ਅੱਗ ਲਗਾਉਣ ਨਾਲ ਹਵਾ ਹੋਰ ਜ਼ਹਿਰੀਲੀ ਬਣ ਰਹੀ ਹੈ। ਇਲਾਕਾ ਨਿਵਾਸੀਆਂ ਨੇ ਕਿਹਾ ਕਿ ਨਗਰ ਨਿਗਮ ਵਲੋਂ ਲਗਾਏ ਗਏ ਕੰਪੈਕਟਰ ਸਿਰਫ਼ ਕਾਗ਼ਜ਼ਾਂ ਤੱਕ ਹੀ ਸੀਮਤ ਹਨ, ਜ਼ਮੀਨ 'ਤੇ ਸਿਰਫ਼ ਧੂੰਆਂ ਤੇ ਬਦਬੂ ਹੈ। ਇਹ ਮਾਮਲਾ ਸਿਰਫ਼ ਬਹਾਦਰਕੇ ਰੋਡ ਤੱਕ ਸੀਮਤ ਨਹੀਂ, ਸ਼ਹਿਰ ਦੇ ਹੋਰ ਇਲਾਕਿਆਂ ਜਿਵੇਂ ਗਿੱਲ ਰੋਡ, ਦੁੱਗਰੀ ਰੋਡ, ਪੈਵੇਲਿਅਨ ਮਾਲ ਆਦਿ ਦੇ ਕੋਲ ਲੱਗੇ ਕੰਪੈਕਟਰਾਂ ਦੇ ਬਾਹਰ ਵੀ ਕੂੜਾ ਸਾੜਨ ਦੇ ਮਾਮਲੇ ਸਾਹਮਣੇ ਆ ਰਹੇ ਹਨ। ਜ਼ਿਕਰਯੋਗ ਹੈ ਕਿ ਖੁੱਲ੍ਹਾ ਕੂੜਾ ਸਾੜਨਾ ਵਾਤਾਵਰਣ ਸੁਰੱਖਿਆ ਕਾਨੂੰਨ 2016 ਦੀ ਸਿੱਧੇ ਤੌਰ 'ਤੇ ਉਲੰਘਣਾ ਹੈ। ਇਸ ਮਾਮਲੇ ਨੂੰ ਲੈ ਕੇ ਇਕ ਸੰਸਥਾ ਵਲੋਂ ਵੀ ਇਸ ਦੀ ਸ਼ਿਕਾਇਤ ਪ੍ਰਿੰਸੀਪਲ ਸਕੱਤਰ ਨੂੰ ਭੇਜੀ ਗਈ ਹੈ। ਸੂਤਰਾਂ ਅਨੁਸਾਰ ਸ਼ਹਿਰ ਵਿਚ ਲਗਭਗ ਤਿੰਨ ਦਰਜਨ ਦੇ ਕਰੀਬ ਸਟੈਟਿਕ ਕੰਪੈਕਟਰ ਸਥਾਪਿਤ ਕੀਤੇ ਜਾ ਚੁੱਕੇ ਹਨ, ਪਰ ਇਨ੍ਹਾਂ ਵਿਚੋਂ ਕੁੱਝ ਖ਼ਰਾਬ ਹਨ। ਇਲਾਕਾ ਨਿਵਾਸੀਆਂ ਨੇ ਨਗਰ ਨਿਗਮ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਜ਼ਿੰਮੇਵਾਰ ਅਧਿਕਾਰੀਆਂ ਤੇ ਕਾਰਵਾਈ ਹੋਵੇ ਅਤੇ ਕੰਪੈਕਟਰ ਸਿਸਟਮ ਨੂੰ ਪੂਰਨ ਤੌਰ 'ਤੇ ਦਰੁਸਤ ਕੀਤਾ ਜਾਵੇ।

ਸਨਅਤੀ ਸ਼ਹਿਰ ਲੁਧਿਆਣਾ 'ਚ ਲੁਟੇਰਿਆਂ ਦਾ ਕਹਿਰ

ਵੱਖ-ਵੱਖ ਵਾਰਦਾਤਾਂ 'ਚ ਲੁਟੇਰੇ ਭਾਰੀ ਮਾਤਰਾ 'ਚ ਸਾਮਾਨ ਅਤੇ ਨਕਦੀ ਲੁੱਟ ਕੇ ਫ਼ਰਾਰ

ਲੁਧਿਆਣਾ, 28 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਲੁਧਿਆਣਾ ਵਿਚ ਅੱਜਕੱਲ੍ਹ ਲੁਟੇਰਿਆਂ ਦਾ ਕਹਿਰ ਹੈ। ਲੁਟੇਰਿਆਂ ਵਲੋਂ ਵੱਖ-ਵੱਖ ਵਾਰਦਾਤਾਂ ਨੂੰ ਅੰਜਾਮ ਦਿੱਤਾ ਗਿਆ ਹੈ ਅਤੇ ਇਹਨਾਂ ਵਾਰਦਾਤਾਂ ਵਿਚ ਲੁਟੇਰੇ ਭਾਰੀ ਮਾਤਰਾ ਵਿਚ ਸਾਮਾਨ ਅਤੇ ਨਕਦੀ ਲੁੱਟ ਕੇ ਫ਼ਰਾਰ ਹੋ ਗਏ ਹਨ। ਜਾਣਕਾਰੀ ਅਨੁਸਾਰ ਪਹਿਲੇ ਮਾਮਲੇ ਵਿਚ ਥਾਣਾ ਹੈਬੋਵਾਲ ਦੇ ਇਲਾਕੇ ਜੱਸੀਆਂ ਰੇਲਵੇ ਪੁਲੀ ਨੇੜੇ ਮੋਟਰਸਾਈਕਲ 'ਤੇ ਜਾ ਰਹੇ ਨੌਜਵਾਨ ਨੂੰ ਤੇਜ਼ਧਾਰ ਹਥਿਆਰਾਂ ਦਾ ਡਰ ਦਿਖਾ ਕੇ ਮੋਟਰਸਾਈਕਲ ਅਤੇ ਨਕਦੀ ਲੁੱਟਣ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਿਸ ਪਾਸ ਲਿਖਵਾਈ ਮੁੱਢਲੀ ਰਿਪੋਰਟ ਵਿਚ ਅਮਰੀਕ ਸਿੰਘ ਨੇ ਦੱਸਿਆ ਕਿ ਉਹ ਨਿੱਜੀ ਕੰਮਕਾਰ ਸਬੰਧੀ ਜਲੰਧਰ ਬਾਈਪਾਸ ਤੋਂ ਜੱਸੀਆਂ ਰੋਡ ਵੱਲ ਮੋਟਰਸਾਈਕਲ 'ਤੇ ਜਾ ਰਿਹਾ ਸੀ ਤਾਂ ਪਿੱਛੋਂ ਮੋਟਰਸਾਈਕਲ 'ਤੇ ਸਵਾਰ ਤਿੰਨ ਅਣਪਛਾਤੇ ਨੌਜਵਾਨ ਆਏ ਅਤੇ ਉਸ ਨੂੰ ਘੇਰ ਲਿਆ। ਉਨ੍ਹਾਂ ਤੇਜ਼ਧਾਰ ਹਥਿਆਰ ਨਾਲ ਡਰਾ ਧਮਕਾ ਕੇ ਮੋਟਰਸਾਈਕਲ, ਦੋ ਮੋਬਾਈਲ ਫ਼ੋਨ ਅਤੇ ਨਕਦੀ ਖੋਹ ਕੇ ਫ਼ਰਾਰ ਹੋ ਗਏ। ਜਾਂਚ ਅਧਿਕਾਰੀ ਕੇਵਲ ਸਿੰਘ ਨੇ ਦੱਸਿਆ ਕਿ ਘਟਨਾ ਤੋਂ ਤੁਰੰਤ ਬਾਅਦ ਗੌਰਵ ਕੁਮਾਰ, ਰੂਪ ਸਿੰਘ ਉਰਫ਼ ਪੂਪਾ, ਮਨਜੀਤ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ। ਮੁਲਜ਼ਮਾਂ ਪਾਸੋਂ 5 ਮੋਬਾਈਲ ਫ਼ੋਨ, ਉਕਤ ਖੋਹ ਕੀਤਾ ਮੋਟਰਸਾਈਕਲ ਅਤੇ ਇਕ ਲੋਹਾ ਦਾਤਰ ਬਰਾਮਦ ਕੀਤਾ ਗਿਆ ਹੈ। ਪੁਲਿਸ ਮੁਲਜ਼ਮਾਂ ਪਾਸੋਂ ਹੋਰ ਵੀ ਪੁੱਛ ਪੜਤਾਲ ਕਰ ਰਹੀ ਹੈ। ਦੂਜੇ ਮਾਮਲੇ ਵਿਚ ਥਾਣਾ ਡਵੀਜ਼ਨ ਨੰਬਰ 5 ਦੇ ਇਲਾਕੇ ਹੀਰੋ ਬੇਕਰੀ ਚੌਕ ਤੋਂ ਅੰਡਰਪਾਥ ਪੁਲ ਨੇੜੇ ਐਕਟਿਵਾ 'ਤੇ ਜਾ ਰਹੀਆਂ ਦੋ ਭੈਣਾਂ ਪਾਸੋਂ ਅਣਪਛਾਤਾ ਨੌਜਵਾਨ ਪਰਸ, ਮੋਬਾਈਲ ਅਤੇ ਨਕਦੀ ਲੁੱਟ ਕੇ ਫ਼ਰਾਰ ਗਿਆ। ਪੁਲਿਸ ਪਾਸ ਲਿਖਵਾਈ ਮੁੱਢਲੀ ਰਿਪੋਰਟ ਵਿਚ ਲਵਿਕਾ ਸ਼ਰਮਾ ਨੇ ਦੱਸਿਆ ਕਿ ਉਹ ਆਪਣੀ ਭੈਣ ਨਾਲ ਐਕਟਿਵਾ 'ਤੇ ਹੀਰੋ ਬੇਕਰੀ ਚੌਕ ਤੋਂ ਅੰਡਰਪਾਥ ਪੁੱਲ ਨੂੰ ਜਾ ਰਹੇ ਸੀ ਤਾਂ ਇਕ ਅਣਪਛਾਤਾ ਮੋਟਰਸਾਈਕਲ ਸਵਾਰ ਵਿਅਕਤੀ ਪਿੱਛੇ ਆਇਆ ਅਤੇ ਗਲ ਵਿਚ ਪਾਇਆ ਪਰਸ, ਜਿਸ ਵਿਚ ਦੋ ਮੋਬਾਈਲ ਫ਼ੋਨ, 5-6 ਹਜ਼ਾਰ ਦੀ ਨਕਦੀ ਅਤੇ ਹੋਰ ਜ਼ਰੂਰੀ ਦਸਤਾਵੇਜ਼ ਸਨ, ਖੋਹ ਕੇ ਫ਼ਰਾਰ ਹੋ ਗਿਆ। ਜਾਂਚ ਅਧਿਕਾਰੀ ਦਵਿੰਦਰਪਾਲ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਅਣਪਛਾਤੇ ਵਿਅਕਤੀ ਖ਼ਿਲਾਫ਼ ਕੇਸ ਦਰਜ ਕਰਕੇ ਉਸਦੀ ਭਾਲ ਸ਼ੁਰੂ ਕਰ ਦਿੱਤੀ ਹੈ। ਤੀਜੇ ਮਾਮਲੇ ਵਿਚ ਥਾਣਾ ਡਵੀਜ਼ਨ ਨੰਬਰ 8 ਦੇ ਇਲਾਕੇ ਆਰਤੀ ਚੌਕ ਵਿਚ ਆਈਸਕ੍ਰੀਮ ਦੇ ਰੇਹੜੀ ਲਗਾਉਣ ਵਾਲੇ ਵਿਅਕਤੀ ਪਾਸੋਂ ਅਣਪਛਾਤੇ ਨੌਜਵਾਨ ਮੋਬਾਈਲ ਅਤੇ ਨਕਦੀ ਲੁੱਟ ਕੇ ਫ਼ਰਾਰ ਹੋ ਗਏ। ਪੁਲਿਸ ਪਾਸ ਲਿਖਵਾਈ ਮੁੱਢਲੀ ਰਿਪੋਰਟ ਵਿਚ ਈਸ਼ਵਰ ਲਾਲ ਨੇ ਦੱਸਿਆ ਕਿ ਉਹ ਆਪਣੀ ਆਈਸਕ੍ਰੀਮ ਵਾਲੀ ਰੇਹੜੀ ਰੋੜ ਕੇ ਘਰ ਵੱਲ ਜਾ ਰਿਹਾ ਸੀ ਤਾਂ ਤਿੰਨ ਅਣਪਛਾਤੇ ਵਿਅਕਤੀ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ, ਜਿਨ੍ਹਾਂ ਨੇ ਮੋਟਰਸਾਈਕਲ ਉਸ ਦੀ ਰੇਹੜੀ ਅੱਗੇ ਰੋਕ ਲਿਆ ਅਤੇ ਤੇਜ਼ਧਾਰ ਹਥਿਆਰ ਨਾਲ ਡਰਾ ਧਮਕਾ ਕੇ ਉਸਦਾ ਮੋਬਾਈਲ ਅਤੇ 1 ਹਜ਼ਾਰ ਰੁਪਏ ਦੀ ਨਕਦੀ ਲੁੱਟ ਕੇ ਫ਼ਰਾਰ ਹੋ ਗਏ। ਜਾਂਚ ਅਧਿਕਾਰੀ ਰਾਜ ਕੁਮਾਰ ਨੇ ਦੱਸਿਆ ਕਿ ਮੁੱਦਈ ਦੇ ਬਿਆਨਾਂ 'ਤੇ ਤੇਜਪਾਲ ਸਿੰਘ, ਪ੍ਰਿਤਪਾਲ ਸਿੰਘ ਉਰਫ਼ ਮਨੀ, ਅਨਿਲ ਕੁਮਾਰ ਖ਼ਿਲਾਫ਼ ਵੱਖ ਵੱਖ ਧਾਰਾਵਾਂ ਤਹਿਤ ਕੇਸ ਦਰਜ ਕਰਕੇ ਉਨ੍ਹਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਚੌਥੇ ਮਾਮਲੇ ਵਿਚ ਹੈਬੋਵਾਲ ਇਲਾਕੇ ਵਿਚ ਲੁਟੇਰੇ ਇਕ ਨੌਜਵਾਨ ਤੋਂ ਉਸ ਦਾ ਮੋਟਰਸਾਈਕਲ ਖੋਹ ਕੇ ਫ਼ਰਾਰ ਹੋ ਗਏ। ਥਾਣਾ ਹੈਬੋਵਾਲ ਪੁਲਿਸ ਨੂੰ ਸ਼ਿਕਾਇਤਕਰਤਾ ਸੂਰਜ ਨੇ ਦੱਸਿਆ ਕਿ ਉਹ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਗੰਦੇ ਨਾਲੇ ਲਾਗੇ ਹਾਈਟ ਕੋਲ ਪੁੱਜਾ ਤਾਂ ਤਿੰਨ ਨੌਜਵਾਨ ਆਏ ਅਤੇ ਉਸ ਪਾਸੋਂ ਮੋਟਰ ਸਾਈਕਲ ਦੀ ਚਾਬੀ ਦੀ ਮੰਗ ਕੀਤੀ, ਜਦੋਂ ਉਸਨੇ ਅਜਿਹਾ ਕਰਨ ਤੋਂ ਇਨਕਾਰ ਕੀਤਾ ਤਾਂ ਇਹਨਾਂ ਲੁਟੇਰਿਆਂ ਨੇ ਆਪਣੇ ਪਾਸ ਰੱਖੀ ਕਿਰਪਾਨ ਕੱਢ ਲਈ ਅਤੇ ਜਾਨੋਂ ਮਾਰਨ ਦੀ ਧਮਕੀ ਦੇ ਕੇ ਮੋਟਰਸਾਈਕਲ ਖੋਹ ਕੇ ਫ਼ਰਾਰ ਹੋ ਗਏ। ਜਾਂਚ ਅਧਿਕਾਰੀ ਕਰਮਜੀਤ ਸਿੰਘ ਨੇ ਕੇਸ ਦਰਜ ਕਰਕੇ ਨੌਜਵਾਨਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

ਕੇਂਦਰੀ ਜੇਲ੍ਹ 'ਚੋਂ ਭਾਰੀ ਮਾਤਰਾ 'ਚ ਨਸ਼ੀਲੇ ਪਦਾਰਥ ਬਰਾਮਦ

ਲੁਧਿਆਣਾ, 28 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਸਥਾਨਕ ਕੇਂਦਰੀ ਜੇਲ੍ਹ 'ਚੋਂ ਅਧਿਕਾਰੀਆਂ ਵਲੋਂ ਭਾਰੀ ਮਾਤਰਾ ਵਿਚ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ ਹਨ। ਜਾਣਕਾਰੀ ਅਨੁਸਾਰ ਜੇਲ੍ਹ ਅਧਿਕਾਰੀਆਂ ਵਲੋਂ ਇਹ ਮਾਮਲਾ ਪੁਲਿਸ ਹਵਾਲੇ ਕਰ ਦਿੱਤਾ ਗਿਆ ਹੈ ਅਤੇ ਪੁਲਿਸ ਵਲੋਂ ਇਸ ਮਾਮਲੇ ਵਿਚ ਡਿਪਟੀ ਸੁਪਰਡੈਂਟ ਜਗਜੀਤ ਸਿੰਘ ਦੀ ਸ਼ਿਕਾਇਤ 'ਤੇ ਬੰਦੀ ਰਵੀ ਕੁਮਾਰ ਉਰਫ ਰਵੀ, ਅਮਨਦੀਪ ਕੁਮਾਰ, ਅਜੇ ਕੁਮਾਰ, ਉਬੇਦ ਮਸੀਹ ਅਤੇ ਗੁਲਸ਼ਨ ਉਰਫ ਸੋਨੂ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ। ਜੇਲ੍ਹ ਅਧਿਕਾਰੀ ਵਲੋਂ ਪੁਲਿਸ ਪਾਸ ਲਿਖਵਾਈ ਮੁੱਢਲੀ ਰਿਪੋਰਟ ਵਿਚ ਦੱਸਿਆ ਕਿ ਬੀਤੇ ਦਿਨ ਜਦੋਂ ਬੈਰਕਾਂ ਦੀ ਚੈਕਿੰਗ ਕੀਤੀ ਗਈ ਤਾਂ ਚੈਕਿੰਗ ਦੌਰਾਨ ਉਥੋਂ 117 ਨਸ਼ੀਲੇ ਕੈਪਸੂਲ, 3 ਮੋਬਾਈਲ, 2 ਸਿਮ ਬਰਾਮਦ ਕੀਤੇ ਗਏ। ਜੇਲ੍ਹ ਅਤੇ ਪੁਲਿਸ ਅਧਿਕਾਰੀ ਇਸ ਗੱਲ ਦੀ ਜਾਂਚ ਕਰ ਰਹੇ ਹਨ ਕਿ ਜੇਲ੍ਹ ਅੰਦਰ ਇਹ ਸਾਮਾਨ ਕਿਸ ਤਰੀਕੇ ਨਾਲ ਪਹੁੰਚਿਆ ਹੈ।

ਵੱਖ-ਵੱਖ ਇਲਾਕਿਆਂ 'ਚ ਨਸ਼ਾ ਕਰਦੇ ਅਤੇ ਵੇਚਦੇ ਕਾਬੂ

ਲੁਧਿਆਣਾ, 28 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਪੁਲਿਸ ਨੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿਚ ਨਸ਼ਾ ਕਰ ਰਹੇ ਵਿਅਕਤੀਆਂ ਨੂੰ ਕਾਬੂ ਕਰਨ 'ਚ ਸਫਲਤਾ ਹਾਸਿਲ ਕੀਤੀ ਹੈ। ਪਹਿਲੇ ਮਾਮਲੇ 'ਚ ਥਾਣਾ ਸਦਰ ਵਿਖੇ ਤਾਇਨਾਤ ਸਹਾਇਕ ਥਾਣੇਦਾਰ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਉਹ ਪੁਲਿਸ ਪਾਰਟੀ ਸਮੇਤ ਗਸ਼ਤ ਦੇ ਸਬੰਧ 'ਚ ਲਲਤੋਂ ਕਲਾਂ ਪੁੱਜੇ ਤਾਂ ਸੜਕ ਦੇ ਖੱਬੇ ਪਾਸੇ ਖ਼ਾਲੀ ਜਗ੍ਹਾ 'ਚ ਇਕ ਨੌਜਵਾਨ ਨਸ਼ੇ ਦਾ ਸੇਵਨ ਕਰਦਾ ਦਿਖਾਈ ਦਿੱਤਾ, ਜਿਸ ਨੂੰ ਸ਼ੱਕ ਦੀ ਬਿਨਾਹ 'ਤੇ ਕਾਬੂ ਕਰਕੇ ਚੈਕਿੰਗ ਕੀਤੀ ਤਾਂ ਮੁਲਜ਼ਮ ਪਾਸੋਂ ਇਕ ਲਾਈਟਰ, ਸਿਲਵਰ ਪੰਨੀ ਅਤੇ 10 ਰੁਪਏ ਦਾ ਨੋਟ ਬਰਾਮਦ ਕੀਤਾ। ਮੁਲਜ਼ਮ ਦੀ ਸ਼ਨਾਖ਼ਤ ਬੰਟੀ ਵਜੋਂ ਹੋਈ ਹੈ। ਦੂਜੇ ਮਾਮਲੇ 'ਚ ਥਾਣਾ ਡਵੀਜ਼ਨ ਨੰਬਰ 6 ਵਿਖੇ ਤਾਇਨਾਤ ਪ੍ਰਿਤਪਾਲ ਸਿੰਘ ਨੇ ਦੱਸਿਆ ਕਿ ਉਹ ਪੁਲਿਸ ਪਾਰਟੀ ਸਮੇਤ ਗਸ਼ਤ ਦੇ ਸਬੰਧ ਵਿਚ ਪਾਰਕ ਸਾਹਮਣੇ ਮਿਲਟਰੀ ਕੈਂਪ ਨੇੜੇ ਸ਼ੇਰਪੁਰ ਪੁੱਜੇ ਤਾਂ ਪਾਰਕ ਦੀ ਦੀਵਾਰ ਨਾਲ ਇਕ ਸ਼ੱਕੀ ਵਿਅਕਤੀ ਬੈਠ ਕੇ ਨਸ਼ਾ ਕਰਦਾ ਨਜ਼ਰ ਆਇਆ, ਜਿਸ ਨੂੰ ਸ਼ੱਕ ਦੀ ਬਿਨਾਹ 'ਤੇ ਕਾਬੂ ਕਰਕੇ ਤਲਾਸ਼ੀ ਲਈ ਤਾਂ ਉਸਦੇ ਕਬਜ਼ੇ ਵਿਚੋਂ ਇਕ ਲਾਈਟਰ, ਸਿਲਵਰ ਪੰਨੀ, 10 ਰੁਪਏ ਦਾ ਨੋਟ ਬਰਾਮਦ ਹੋਇਆ। ਮੁਲਜ਼ਮ ਦੀ ਸ਼ਨਾਖ਼ਤ ਵਿਕਰਾਂਤ ਜੈਨ ਉਰਫ਼ ਚੀਕੂ ਵਜੋਂ ਹੋਈ ਹੈ। ਤੀਜੇ ਮਾਮਲੇ ਵਿਚ ਥਾਣਾ ਪੀ.ਏ.ਯੂ. ਵਿਖੇ ਤਾਇਨਾਤ ਲਖਬੀਰ ਸਿੰਘ ਨੇ ਦੱਸਿਆ ਕਿ ਉਹ ਪੁਲਿਸ ਪਾਰਟੀ ਸਮੇਤ ਗਸ਼ਤ ਸਬੰਧੀ ਅਲਟੋਸ ਚੌਕ ਹੰਬੜਾਂ ਰੋਡ ਮੌਜੂਦ ਸਨ ਤਾਂ ਸਾਹਮਣੇ ਤੋਂ ਇਕ ਸ਼ੱਕੀ ਵਿਅਕਤੀ ਪੈਦਲ ਆਉਂਦਾ ਦਿਖਾਈ ਦਿੱਤਾ, ਜਿਸ ਨੂੰ ਸ਼ੱਕ ਦੀ ਬਿਨਾਹ 'ਤੇ ਰੋਕ ਕੇ ਤਲਾਸ਼ੀ ਲਈ ਤਾਂ ਉਸਦੇ ਕਬਜ਼ੇ ਵਿਚੋਂ 10 ਗ੍ਰਾਮ ਹੈਰੋਇਨ ਬਰਾਮਦ ਕੀਤੀ। ਮੁਲਜ਼ਮ ਦੀ ਸ਼ਨਾਖ਼ਤ ਲਵਪ੍ਰੀਤ ਸਿੰਘ ਵਜੋਂ ਹੋਈ ਹੈ। ਚੌਥੇ ਮਾਮਲੇ 'ਚ ਥਾਣਾ ਮਾਡਲ ਟਾਊਨ ਵਿਖੇ ਤਾਇਨਾਤ ਹੈੱਡ ਕਾਂਸਟੇਬਲ ਰਣਜੀਤ ਸਿੰਘ ਨੇ ਦੱਸਿਆ ਕਿ ਉਹ ਪੁਲਿਸ ਪਾਰਟੀ ਸਮੇਤ ਗਸ਼ਤ ਸੰਬੰਧੀ ਧੂਰੀ ਲਾਈਨ ਫਾਟਕ ਨੇੜੇ ਪਾਰਕ ਪਾਸ ਪੁੱਜੇ ਤਾਂ ਪਾਰਕ ਦੇ ਅੰਦਰ ਇਕ ਨੌਜਵਾਨ ਸ਼ੱਕੀ ਹਾਲਤ ਵਿਚ ਨਸ਼ੀਲੇ ਪਦਾਰਥ ਦਾ ਸੇਵਨ ਕਰਦਾ ਦਿਖਾਈ ਦਿੱਤਾ, ਜਿਸ ਨੂੰ ਸ਼ੱਕ ਦੀ ਬਿਨਾਹ 'ਤੇ ਕਾਬੂ ਕਰਕੇ ਤਲਾਸ਼ੀ ਲਈ ਤਾਂ ਉਸ ਦੇ ਕਬਜ਼ੇ ਵਿਚੋਂ ਇਕ ਲਾਈਟਰ, ਸਿਲਵਰ ਪੰਨੀ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ।

ਨਗਰ ਨਿਗਮ ਦੀ ਤਹਿਬਾਜ਼ਾਰੀ ਸ਼ਾਖਾ ਦੀ ਟੀਮ ਸੁਪਰਡੈਂਟ ਅਸ਼ਵਨੀ ਕੁਮਾਰ ਦੀ ਅਗਵਾਈ ਹੇਠ ਕਾਰਵਾਈ ਕਰਦੀ ਹੋਈ। ਤਸਵੀਰ : ਸੇਵਕ ਸਿੰਘ

ਹਥਿਆਰਬੰਦ ਹਮਲਾਵਰਾਂ ਵਲੋਂ ਕੀਤੇ ਹਮਲੇ 'ਚ ਨੌਜਵਾਨ ਜ਼ਖਮੀ

ਲੁਧਿਆਣਾ, 28 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਥਾਣਾ ਡਵੀਜ਼ਨ ਨੰਬਰ-6 ਦੇ ਇਲਾਕੇ ਮੰਗਲ ਮੰਡੀ ਰੋਡ ਮੁਹੱਲਾ ਗੁਰੂ ਅਮਰਦਾਸ ਕਾਲੋਨੀ ਵਿਖੇ ਨੌਜਵਾਨ ਦੀ ਤੇਜ਼ਧਾਰ ਹਥਿਆਰਾਂ ਨਾਲ ਕੁੱਟਮਾਰ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਿਸ ਨੂੰ ਸ਼ਿਕਾਇਤ ਦਿੰਦਿਆਂ ਦੀਪਾਂਸ਼ੂ ਨੇ ਦੱਸਿਆ ਕਿ ਨਿਰਨੇ ਅਤੇ ਅਸ਼ਮੀਤ ਨੇ

ਪੁਰਾਣੀ ਰੰਜਿਸ਼ ਦੇ ਚਲਦਿਆਂ ਆਪਣੇ ਸਾਥੀਆਂ ਰੁਪੇਸ਼ ਅਤੇ ਦੋ ਅਣਪਛਾਤੇ ਨੌਜਵਾਨਾਂ ਨਾਲ ਮਿਲ ਕੇ ਮੰਗਲ ਮੰਡੀ ਰੋਡ ਮੁਹੱਲਾ ਗੁਰੂ ਅਮਰਦਾਸ ਕਾਲੋਨੀ ਵਿਖੇ ਉਸ ਦੇ ਭਰਾ ਅਭਿਸ਼ੇਕ ਕੁਮਾਰ ਨੂੰ ਘੇਰ ਕੇ ਤੇਜ਼ਧਾਰ ਹਥਿਆਰਾਂ ਨਾਲ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਕੇ ਫ਼ਰਾਰ ਹੋ ਗਏ। ਜ਼ਖਮੀ ਹਾਲਤ 'ਚ ਇਨ੍ਹਾਂ ਨੂੰ ਹਸਪਤਾਲ ਲਿਆਂਦਾ ਗਿਆ ਹੈ। ਪੁਲਿਸ ਵਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਦੜਾ ਸੱਟਾ ਲਗਾ ਰਿਹਾ ਕਾਬੂ

ਥਾਣਾ ਮੋਤੀ ਨਗਰ ਵਿਖੇ ਤਾਇਨਾਤ ਹੌਲਦਾਰ ਜਗਤਾਰ ਸਿੰਘ ਨੇ ਦੱਸਿਆ ਕਿ ਉਹ ਪੁਲਿਸ ਪਾਰਟੀ ਸਮੇਤ ਗਸ਼ਤ ਸੰਬੰਧੀ ਮਲਹੋਤਰਾ ਚੌਕ ਵਿਖੇ ਮੌਜੂਦ ਸਨ ਤਾਂ ਮੁਖ਼ਬਰ ਖ਼ਾਸ ਦੀ ਇਤਲਾਹ 'ਤੇ ਵਿਕਾਸ, ਜੋ ਪਰਚੀ ਦੜਾ ਸੱਟਾ ਲਗਾਉਣ ਦਾ ਧੰਦਾ ਕਰ